I/200008/2021

ਮਿਤੀ-ਬੱਧ

ਅਤਿ ਜ਼ਰੂਰੀ

ਪੰਜਾਬ ਸਰਕਾਰ
ਆਮ ਰਾਜ ਪ੍ਰਬੰਧ ਵਿਭਾਗ
(ਰਾਜਨੀਤੀ-1 ਸ਼ਾਖਾ)

ਸੇਵਾ ਵਿਖੇ

1. ਸਮੂਹ ਵਿਭਾਗਾਂ ਦੇ ਮੁੱਖੀ,
2. ਰਾਜ ਦੇ ਸਮੂਹ ਡਵੀਜਨਾਂ ਦੇ ਕਮਿਸ਼ਨਰਜ਼ ਅਤੇ
3. ਰਾਜ ਦੇ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ।

ਵਿਸ਼ਾ:- ਸਰਕਟ ਹਾਊਸ, ਅੰਮ੍ਰਿਤਸਰ ਦੀ ਬੁਕਿੰਗ ਬੰਦ ਕਰਨ ਬਾਰੇ

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਰਾਜ ਸਰਕਾਰ ਵੱਲੋਂ ਸਰਕਟ ਹਾਊਸ ਅੰਮ੍ਰਿਤਸਰ ਨੂੰ ਪੀ.ਪੀ.ਪੀ. ਮੋਡ ਤੇ ਵਿਕਸਤ ਕਰਨ ਦਾ ਫੈਸਲਾ ਲਿਆ ਗਿਆ ਹੈ। ਇਸ ਲਈ ਸਰਕਟ ਹਾਊਸ, ਅੰਮ੍ਰਿਤਸਰ ਦੀ ਬੁਕਿੰਗ ਹਾਲ ਦੀ ਘੜੀ ਮੁਕੰਮਲ ਤੌਰ ਤੇ ਬੰਦ ਕੀਤੀ ਜਾਂਦੀ ਹੈ। ਅੰਮ੍ਰਿਤਸਰ ਵਿਖੇ ਠਹਿਰ/ਰਿਹਾਇਸ਼ ਦੇ ਪ੍ਰਬੰਧ ਸਬੰਧੀ ਆਪਣੇ ਪੱਧਰ ਤੇ ਹੀ ਦਫਤਰ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਨਾਲ ਰਾਬਤਾ ਕਾਇਮ ਕਰ ਲਿਆ ਜਾਵੇ। ਕਿਸੇ ਵੀ ਸਖਸੀਅਤ ਨੂੰ ਜਿਲ੍ਹਾ ਅੰਮ੍ਰਿਤਸਰ ਵਿਖੇ ਸਰਕਾਰੀ ਗੈਸਟ ਹਾਊਸ/ਰੈਸਟ ਹਾਊਸ ਵਿੱਚ ਅਕੰਮੋਡੇਸ਼ਨ ਨਾ ਮਿਲਣ ਦੀ ਸੂਰਤ ਵਿੱਚ ਉਹ ਵਿੱਤ ਵਿਭਾਗ ਵੱਲੋਂ ਜਾਰੀ ਪੰਜਵੇ ਤਨਖਾਹ ਕਮਿਸ਼ਨਰ ਦੀਆਂ TA/DA ਸਬੰਧੀ ਹਦਾਇਤਾਂ ਮਿਤੀ 31.08.2009 ਅਨੁਸਾਰ ਬਣਦਾ ਕਲੇਮ ਆਪਣੇ ਸਬੰਧਤ ਵਿਭਾਗ ਤੋਂ ਕਰ ਸਕਦੇ ਹਨ।

Superintendent
21/06/2021

ਇਸ ਦਾ ਇਕ ਉਤਾਰਾ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਪੰਜਾਬ ਰਾਜ ਦੇ ਮੰਤਰੀ ਸਾਹਿਬਾਨਜ, ਐਮ.ਐਲ.ਏ/ਐਮ.ਪੀ.,ਅਧਿਕਾਰੀਆਂ/ਕਰਮਚਾਰੀਆਂ ਅਤੇ ਹੋਰ ਸਖਸੀਅਤਾਂ ਦੀ ਅੰਮ੍ਰਿਤਸਰ ਵਿਖੇ ਵੀਜਟ ਦੌਰਾਨ ਉਹਨਾਂ ਦੀ ਰਿਹਾਇਸ਼ ਦਾ ਬਦਲਵਾ ਪ੍ਰਬੰਧ ਕਰਨਾ ਯਕੀਨੀ ਬਣਾਇਆ ਜਾਵੇ।

Superintendent
21/06/2021

ਇੱਕ ਉਤਾਰਾ ਸਮੇਤ ਸਹਿ-ਪੱਤਰਾਂ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਸਕੱਤਰ/ਰਾਜਪਾਲ, ਪੰਜਾਬ।
2. ਪ੍ਰਮੁੱਖ ਸਕੱਤਰ/ਮੁੱਖ ਮੰਤਰੀ, ਪੰਜਾਬ।
3. ਵਿਸੇਸ ਪ੍ਰਮੁੱਖ ਸਕੱਤਰ/ਮੁੱਖ ਮੰਤਰੀ, ਪੰਜਾਬ।
4. ਸਕੱਤਰ, ਪੰਜਾਬ ਵਿਧਾਨ ਸਭਾ, ਚੰਡੀਗੜ੍ਹ।
5. ਸਕੱਤਰ/ਨਿੱਜੀ ਸਕੱਤਰ ਨੂੰ ਸਮੂਹ ਕੈਬਨਿਟ ਮੰਤਰੀ, ਪੰਜਾਬ ਜੀ ਦੇ ਧਿਆਨ ਵਿੱਚ ਲਿਆਉਣ ਲਈ।
6. ਸਮੂਹ ਵਿਸੇਸ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸਨਰਜ਼/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।
7. ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ।
8. ਨਿੱਜੀ ਸਕੱਤਰ/ਮੁੱਖ ਸਕੱਤਰ, ਪੰਜਾਬ।

Superintendent
21/06/2021